ਮਾਲੀ ਗਉੜਾ ਮਹਲਾ ੫ ॥ ਐਸੋ ਸਹਾਈ ਹਰਿ ਕੋ ਨਾਮ ॥ ਸਾਧਸੰਗਤਿ ਭਜੁ ਪੂਰਨ ਕਾਮ ॥੧॥ ਰਹਾਉ ॥ ਬੂਡਤ ਕਉ ਜੈਸੇ ਬੇੜੀ ਮਿਲਤ ॥ ਬੂਝਤ ਦੀਪਕ ਮਿਲਤ ਤਿਲਤ ॥ ਜਲਤ ਅਗਨੀ ਮਿਲਤ ਨੀਰ ॥ ਜੈਸੇ ਬਾਰਿਕ ਮੁਖਹਿ ਖੀਰ ॥੧॥ ਜੈਸੇ ਰਣ ਮਹਿ ਸਖਾ ਭ੍ਰਾਤ ॥ ਜੈਸੇ ਭੂਖੇ ਭੋਜਨ ਮਾਤ ॥ ਜੈਸੇ ਕਿਰਖਹਿ ਬਰਸ ਮੇਘ ॥ ਜੈਸੇ ਪਾਲਨ ਸਰਨਿ ਸੇਂਘ ॥੨॥ ਗਰੁੜ ਮੁਖਿ ਨਹੀ ਸਰਪ ਤ੍ਰਾਸ ॥ ਸੂਆ ਪਿੰਜਰਿ ਨਹੀ ਖਾਇ ਬਿਲਾਸੁ ॥ ਜੈਸੋ ਆਂਡੋ ਹਿਰਦੇ ਮਾਹਿ ॥ ਜੈਸੋ ਦਾਨੋ ਚਕੀ ਦਰਾਹਿ ॥੩॥ ਬਹੁਤੁ ਓਪਮਾ ਥੋਰ ਕਹੀ ॥ ਹਰਿ ਅਗਮ ਅਗਮ ਅਗਾਧਿ ਤੁਹੀ ॥ ਊਚ ਮੂਚੌ ਬਹੁ ਅਪਾਰ ॥ ਸਿਮਰਤ ਨਾਨਕ ਤਰੇ ਸਾਰ ॥੪॥੩॥ {ਪੰਨਾ 986-987}

ਪਦਅਰਥ:- ਐਸੋ—ਇਹੋ ਜਿਹਾ (ਜਿਵੇ ਅਗਾਂਹ ਦੱਸਿਆ ਜਾ ਰਿਹਾ ਹੈ)। ਸਹਾਈ—ਮਦਦਗਾਰ। ਕੋ—ਦਾ। ਭਜੁ—ਜਪਿਆ ਕਰ। ਕਾਮ—ਕੰਮ, ਮਨੋਰਥ।1। ਰਹਾਉ।

ਬੂਡਤ—ਡੁੱਬਦੇ। ਕਉ—ਨੂੰ। ਬੂਝਤ—ਬੁੱਝ ਰਹੇ। ਦੀਪਕ—ਦੀਵਾ। ਤਿਲਤ—ਤੇਲ। ਅਗਨੀ—ਅੱਗ (ਵਿਚ)। ਜਲਤ—ਸੜ ਰਹੇ ਨੂੰ। ਨੀਰ—ਪਾਣੀ। ਮੁਖਹਿ—ਮੂੰਹ ਵਿਚ। ਖੀਰ—ਦੁੱਧ।1।

ਰਣ—ਲੜਾਈ, ਜੁੱਧ। ਸਖਾ—ਸਹਾਈ। ਭ੍ਰਾਤ—ਭਰਾ। ਭੋਜਨ ਮਾਤ—ਭੋਜਨ ਮਾਤ੍ਰ, ਸਿਰਫ਼ ਭੋਜਨ ਹੀ। ਕਿਰਖਹਿ—ਖੇਤੀ ਨੂੰ। ਬਰਸ ਮੇਘ—ਬੱਦਲ ਦਾ ਵਰ੍ਹਨਾ। ਪਾਲਨ—ਰੱਖਿਆ। ਸੇਂਘ—ਸਿੰਘ, ਸ਼ੇਰ, ਬਹਾਦਰ।2।

ਗਰੁੜ—ਗਾਰੁੜ ਮੰਤਰ। ਮੁਖਿ—ਮੂੰਹ ਵਿਚ। ਸਰਪ—ਸੱਪ। ਤ੍ਰਾਸ—ਡਰ। ਸੂਆ—ਤੋਤਾ। ਪਿੰਜਰਿ—ਪਿੰਜਰੇ ਵਿਚ। ਬਿਲਾਸੁ—ਬਿੱਲਾ। ਆਂਡੋ—(ਕੂੰਜ ਦਾ) ਅੰਡਾ। ਹਿਰਦੇ ਮਾਹਿ—ਚੇਤੇ ਵਿਚ। ਦਾਨੋ—ਦਾਣੇ। ਚਕੀ ਦਰਾਹਿ—ਚੱਕੀ ਦੇ ਦਰ ਤੇ, ਚੱਕੀ ਦੀ ਕਿੱਲੀ ਨਾਲ।3।

ਓਪਮਾ—ਉਪਮਾ, ਦ੍ਰਿਸ਼ਟਾਂਤ। ਥੋਰ—ਥੋੜੀ ਹੀ। ਕਹੀ—ਆਖੀ ਹੈ। ਅਗਮ—ਅਪਹੁੰਚ। ਅਗਾਧਿ—ਅਥਾਹ। ਤੁਹੀ—ਤੂੰ ਹੀ (ਸਹਾਈ)। ਮੂਚੌ—ਵੱਡਾ। ਸਾਰ—ਲੋਹਾ, ਵਿਕਾਰਾਂ ਨਾਲ ਭਰੇ ਹੋਏ ਹੋਏ, ਲੋਹੇ ਵਾਂਗ ਭਾਰੇ।4।

ਅਰਥ:- ਹੇ ਭਾਈ! ਸਾਧ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਜਪਿਆ ਕਰ। ਤੇਰੇ ਸਾਰੇ ਮਨੋਰਥ ਪੂਰੇ ਹੁੰਦੇ ਰਹਿਣਗੇ। ਹੇ ਭਾਈ! ਪਰਮਾਤਮਾ ਦਾ ਨਾਮ ਇਉਂ ਮਦਦਗਾਰ ਹੁੰਦਾ ਹੈ।1। ਰਹਾਉ।

ਜਿਵੇਂ ਡੁੱਬ ਰਹੇ ਨੂੰ ਬੇੜੀ ਮਿਲ ਜਾਏ, ਜਿਵੇਂ ਬੁੱਝ ਰਹੇ ਦੀਵੇ ਨੂੰ ਤੇਲ ਮਿਲ ਜਾਏ, ਜਿਵੇਂ ਅੱਗ ਵਿਚ ਸੜ ਰਹੇ ਨੂੰ ਪਾਣੀ ਮਿਲ ਜਾਏ, ਜਿਵੇਂ (ਭੁੱਖ ਨਾਲ ਵਿਲਕ ਰਹੇ) ਬੱਚੇ ਦੇ ਮੂੰਹ ਵਿਚ ਦੁੱਧ ਪੈ ਜਾਏ।1।

(ਹੇ ਭਾਈ! ਪਰਮਾਤਮਾ ਦਾ ਨਾਮ ਇਉਂ ਸਹਾਈ ਹੁੰਦਾ ਹੈ) ਜਿਵੇਂ ਜੁੱਧ ਵਿਚ ਭਰਾ ਸਹਾਈ ਹੁੰਦਾ ਹੈ, ਜਿਵੇਂ ਕਿਸੇ ਭੁੱਖੇ ਨੂੰ ਭੋਜਨ ਹੀ ਸਹਾਈ ਹੁੰਦਾ ਹੈ, ਜਿਵੇਂ ਖੇਤੀ ਨੂੰ ਬੱਦਲ ਦਾ ਵਰ੍ਹਨਾ, ਜਿਵੇਂ (ਕਿਸੇ ਅਨਾਥ ਨੂੰ) ਸ਼ੇਰ (ਬਹਾਦਰ) ਦੀ ਸਰਨ ਵਿਚ ਰੱਖਿਆ ਮਿਲਦੀ ਹੈ।2।

(ਹੇ ਭਾਈ! ਪ੍ਰਭੂ ਦਾ ਨਾਮ ਇਉਂ ਸਹਾਈ ਹੁੰਦਾ ਹੈ) ਜਿਵੇਂ ਜਿਸ ਦੇ ਮੂੰਹ ਵਿਚ ਗਾਰੁੜ ਮੰਤਰ ਹੋਵੇ ਉਸ ਨੂੰ ਸੱਪ ਦਾ ਡਰ ਨਹੀਂ ਹੁੰਦਾ, ਜਿਵੇਂ ਪਿੰਜਰੇ ਵਿਚ ਬੈਠੇ ਤੋਤੇ ਨੂੰ ਬਿੱਲਾ ਨਹੀਂ ਖਾ ਸਕਦਾ, ਜਿਵੇਂ ਕੂੰਜ ਦੇ ਚੇਤੇ ਵਿਚ ਟਿਕੇ ਹੋਏ ਉਸ ਦੇ ਆਂਡੇ (ਖ਼ਰਾਬ ਨਹੀਂ ਹੁੰਦੇ), ਜਿਵੇਂ ਦਾਣੇ ਚੱਕੀ ਦੀ ਕਿੱਲੀ ਨਾਲ (ਟਿਕੇ ਹੋਏ ਪੀਸਣੋਂ ਬਚੇ ਰਹਿੰਦੇ ਹਨ)।3।

ਹੇ ਭਾਈ! ਮੈਂ ਤਾਂ ਇਹ ਥੋੜ੍ਹੇ ਜਿਹੇ ਦ੍ਰਿਸ਼ਟਾਂਤ ਹੀ ਦੱਸੇ ਹਨ, ਬਥੇਰੇ ਦੱਸੇ ਜਾ ਸਕਦੇ ਹਨ (ਕਿ ਪਰਮਾਤਮਾ ਦਾ ਨਾਮ ਸਹਾਇਤਾ ਕਰਦਾ ਹੈ)। ਹੇ ਅਪਹੁੰਚ ਹਰੀ! ਹੇ ਅਥਾਹ ਹਰੀ! ਤੂੰ ਹੀ (ਜੀਵਾਂ ਦਾ ਰੱਖਿਅਕ ਹੈਂ)। ਹੇ ਹਰੀ! ਤੂੰ ਉੱਚਾ ਹੈਂ, ਤੂੰ ਵੱਡਾ ਹੈਂ, ਤੂੰ ਬੇਅੰਤ ਹੈਂ। ਹੇ ਨਾਨਕ! (ਆਖ—) ਨਾਮ ਸਿਮਰਦਿਆਂ ਪਾਪਾਂ ਨਾਲ ਲੋਹੇ ਵਾਂਗ ਭਾਰੇ ਹੋਏ ਜੀਵ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।4।3।